ਗਉੜੀ ਮਹਲਾ ੧ ॥ ਡਰਿ ਘਰੁ ਘਰਿ ਡਰੁ ਡਰਿ ਡਰੁ ਜਾਇ ॥ ਸੋ ਡਰੁ ਕੇਹਾ ਜਿਤੁ ਡਰਿ ਡਰੁ ਪਾਇ ॥ ਤੁਧੁ ਬਿਨੁ ਦੂਜੀ ਨਾਹੀ ਜਾਇ ॥ ਜੋ ਕਿਛੁ ਵਰਤੈ ਸਭ ਤੇਰੀ ਰਜਾਇ ॥੧॥ ਡਰੀਐ ਜੇ ਡਰੁ ਹੋਵੈ ਹੋਰੁ ॥ ਡਰਿ ਡਰਿ ਡਰਣਾ ਮਨ ਕਾ ਸੋਰੁ ॥ ੧॥ ਰਹਾਉ ॥ ਨਾ ਜੀਉ ਮਰੈ ਨ ਡੂਬੈ ਤਰੈ ॥ ਜਿਨਿ ਕਿਛੁ ਕੀਆ ਸੋ ਕਿਛੁ ਕਰੈ ॥ ਹੁਕਮੇ ਆਵੈ ਹੁਕਮੇ ਜਾਇ ॥ ਆਗੈ ਪਾਛੈ ਹੁਕਮਿ ਸਮਾਇ ॥ ੨॥ ਹੰਸੁ ਹੇਤੁ ਆਸਾ ਅਸਮਾਨੁ ॥ ਤਿਸੁ ਵਿਚਿ ਭੂਖ ਬਹੁਤੁ ਨੈ ਸਾਨੁ ॥ ਭਉ ਖਾਣਾ ਪੀਣਾ ਆਧਾਰੁ ॥ ਵਿਣੁ ਖਾਧੇ ਮਰਿ ਹੋਹਿ ਗਵਾਰ ॥੩॥ ਜਿਸ ਕਾ ਕੋਇ ਕੋਈ ਕੋਇ ਕੋਇ ॥ ਸਭੁ ਕੋ ਤੇਰਾ ਤੂੰ ਸਭਨਾ ਕਾ ਸੋਇ ॥ ਜਾ ਕੇ ਜੀਅ ਜੰਤ ਧਨੁ ਮਾਲੁ ॥ ਨਾਨਕ ਆਖਣੁ ਬਿਖਮੁ ਬੀਚਾਰੁ ॥੪॥੨॥ {ਪੰਨਾ 151}

ਪਦਅਰਥ:- ਡਰਿ—ਡਰ ਨਾਲ, ਪ੍ਰਭੂ ਦੇ ਡਰ-ਅਦਬ ਵਿਚ ਰਿਹਾਂ। ਘਰੁ—ਪ੍ਰਭੂ ਦਾ ਡਰ, ਉਹ ਆਤਮਕ ਅਵਸਥਾ ਜਿਥੇ ਮਨ ਪ੍ਰਭੂ-ਚਰਨਾਂ ਵਿਚ ਜੁੜਿਆ ਰਹਿੰਦਾ ਹੈ। ਘਰਿ—ਘਰ ਵਿਚ, ਹਿਰਦੇ ਵਿਚ। ਡਰੁ—ਪ੍ਰਭੂ ਦਾ ਡਰ, ਇਹ ਯਕੀਨ ਕਿ ਪ੍ਰਭੂ ਮੇਰੇ ਅੰਦਰ ਵੱਸਦਾ ਹੈ ਤੇ ਸਭ ਵਿਚ ਵੱਸਦਾ ਹੈ। ਡਰੁ ਜਾਇ—(ਦੁਨੀਆ ਦਾ ਹਰੇਕ ਕਿਸਮ ਦਾ) ਸਹਮ ਦੂਰ ਹੋ ਜਾਂਦਾ ਹੈ। ਸੋ ਡਰੁ ਕੇਹਾ—ਪ੍ਰਭੂ ਦਾ ਡਰ ਐਸਾ ਨਹੀਂ ਹੁੰਦਾ ਕਿ। ਜਿਤੁ ਡਰਿ—ਕਿ ਉਸ ਡਰ ਵਿਚ ਰਿਹਾਂ। ਡਰੁ ਪਾਇ—ਦੁਨੀਆ ਵਾਲਾ ਸਹਮ ਟਿਕਿਆ ਰਹੇ। ਜਾਇ—ਥਾਂ। ਰਜਾਇ—ਹੁਕਮ, ਮਰਜ਼ੀ।1।

ਡਰੀਐ—ਸਹਮੇ ਰਹੀਏ। ਹੋਰੁ—ਓਪਰਾ, ਕਿਸੇ ਓਪਰੇ ਦਾ। ਡਰਿ ਡਰਿ ਡਰਣਾ—ਸਦਾ ਡਰਦੇ ਰਹਿਣਾ। ਸੋਰੁ—ਰੌਲਾ, ਘਬਰਾਹਟ, ਡੋਲਣ ਦੀ ਨਿਸ਼ਾਨੀ।1। ਰਹਾਉ।

ਜੀਉ—ਜੀਵਾਤਮਾ। ਜਿਨਿ—ਜਿਸ ਪ੍ਰਭੂ ਨੇ। ਕਿਛੁ—ਇਹ ਜਗਤ-ਰਚਨਾ। ਸੋ—ਉਹੀ ਪ੍ਰਭੂ। ਕਿਛੁ—ਸਭ ਕੁਝ। ਆਵੈ—ਜੰਮਦਾ ਹੈ। ਜਾਇ—ਮਰਦਾ ਹੈ। ਆਗੈ ਪਾਛੈ—ਲੋਕ ਪਰਲੋਕ ਵਿਚ। ਸਮਾਇ—ਟਿਕਿਆ ਰਹਿੰਦਾ ਹੈ, ਟਿਕਿਆ ਰਹਿਣਾ ਪੈਂਦਾ ਹੈ।2।

ਹੰਸੁ—ਹਿੰਸਾ, ਨਿਰਦਇਤਾ। ਹੇਤੁ—ਮੋਹ। ਅਸਮਾਨੁ—ਸੑਮਾਨ (ਜਿਵੇਂ ਸੑਰੂਪ ਤੋਂ ਅਸਰੂਪ) ਅਹੰਕਾਰ। ਭੂਖ—ਤ੍ਰਿਸ਼ਨਾ। ਨੈ—ਨਦੀ। ਸਾਨੁ—ਵਾਂਗ। ਆਧਾਰੁ—(ਆਤਮਕ ਜੀਵਨ ਦਾ) ਆਸਰਾ। ਮਰਿ—ਮਰ ਕੇ, ਡਰ ਵਿਚ ਖਪ ਕੇ, ਡਰ ਡਰ ਕੇ। ਗਵਾਰ ਹੋਹਿ—ਝੱਲੇ ਹੁੰਦੇ ਜਾ ਰਹੇ ਹਨ।3।

ਜਿਸ ਕਾ—ਜਿਸ ਕਿਸੇ ਦਾ। ਜਿਸ ਕਾ ਕੋਇ—ਜਿਸ ਕਿਸੇ ਦਾ ਕੋਈ (ਸਹਾਰਾ) ਬਣਦਾ ਹੈ। ਕੋਈ ਕੋਇ ਕੋਇ—ਕੋਈ ਵਿਰਲਾ ਹੀ ਬਣਦਾ ਹੈ। ਸਭੁ ਕੋ—ਹਰੇਕ ਜੀਵ। ਸੋਇ—ਸਾਰ ਲੈਣ ਵਾਲਾ।4।

ਅਰਥ:- (ਹੇ ਪ੍ਰਭੂ!) ਤੇਰੇ ਡਰ-ਅਦਬ ਵਿਚ ਰਿਹਾਂ ਉਹ ਆਤਮਕ ਅਵਸਥਾ ਮਿਲ ਜਾਂਦੀ ਹੈ ਜਿਥੇ ਮਨ ਤੇਰੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ, ਹਿਰਦੇ ਵਿਚ ਇਹ ਯਕੀਨ ਬਣ ਜਾਂਦਾ ਹੈ ਕਿ ਤੂੰ ਮੇਰੇ ਅੰਦਰ ਵੱਸਦਾ ਹੈਂ ਤੇ ਸਭ ਵਿਚ ਵੱਸਦਾ ਹੈਂ। ਤੇਰੇ ਡਰ ਵਿਚ ਰਿਹਾਂ (ਦੁਨੀਆ ਦਾ ਹਰੇਕ ਕਿਸਮ ਦਾ) ਸਹਮ ਦੂਰ ਹੋ ਜਾਂਦਾ ਹੈ। ਤੇਰਾ ਡਰ ਐਸਾ ਨਹੀਂ ਹੁੰਦਾ ਕਿ ਉਸ ਡਰ ਵਿਚ ਰਿਹਾਂ ਕੋਈ ਹੋਰ ਸਹਮ ਟਿਕਿਆ ਰਹੇ।

(ਹੇ ਪ੍ਰਭੂ!) ਤੈਥੋਂ ਬਿਨਾਂ ਜੀਵ ਦਾ ਕੋਈ ਹੋਰ ਥਾਂ-ਆਸਰਾ ਨਹੀਂ ਹੈ। ਜਗਤ ਵਿਚ ਜੋ ਕੁਝ ਹੋ ਰਿਹਾ ਹੈ ਸਭ ਤੇਰੀ ਮਰਜ਼ੀ ਨਾਲ ਹੋ ਰਿਹਾ ਹੈ।1।

(ਹੇ ਪ੍ਰਭੂ!) ਤੇਰਾ ਡਰ-ਅਦਬ ਟਿਕਣ ਦੇ ਥਾਂ) ਜੇ ਜੀਵ ਦੇ ਹਿਰਦੇ ਵਿਚ ਕੋਈ ਹੋਰ ਡਰ ਟਿਕਿਆ ਰਹੇ, ਤਾਂ ਜੀਵ ਸਦਾ ਸਹਮਿਆ ਰਹਿੰਦਾ ਹੈ, ਮਨ ਦੀ ਘਬਰਾਹਟ ਮਨ ਦਾ ਸਹਮ ਹਰ ਵੇਲੇ ਬਣਿਆ ਰਹਿੰਦਾ ਹੈ।1। ਰਹਾਉ।

(ਪ੍ਰਭੂ ਦੇ ਡਰ-ਅਦਬ ਵਿਚ ਰਿਹਾਂ ਹੀ ਇਹ ਯਕੀਨ ਬਣ ਸਕਦਾ ਹੈ ਕਿ) ਜੀਵ ਨਾਹ ਮਰਦਾ ਹੈ ਨਾਹ ਕਿਤੇ ਡੁੱਬ ਸਕਦਾ ਹੈ ਨਾਹ ਕਿਤੋਂ ਤਰਦਾ ਹੈ (ਭਾਵ, ਜੇਹੜਾ ਕਿਤੇ ਡੁਬਦਾ ਹੀ ਨਹੀਂ ਉਸ ਦੇ ਤਰਨ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ)। (ਇਹ ਯਕੀਨ ਬਣਿਆ ਰਹਿੰਦਾ ਹੈ ਕਿ) ਜਿਸ ਪਰਮਾਤਮਾ ਨੇ ਇਹ ਜਗਤ ਬਣਾਇਆ ਹੈ ਉਹੀ ਸਭ ਕੁਝ ਕਰ ਰਿਹਾ ਹੈ, ਉਸ ਦੇ ਹੁਕਮ ਵਿਚ ਹੀ ਜੀਵ ਜੰਮਦਾ ਹੈ ਤੇ ਹੁਕਮ ਵਿਚ ਹੀ ਮਰਦਾ ਹੈ, ਲੋਕ ਪਰਲੋਕ ਵਿਚ ਜੀਵ ਨੂੰ ਉਸ ਦੇ ਹੁਕਮ ਵਿਚ ਟਿਕੇ ਰਹਿਣਾ ਪੈਂਦਾ ਹੈ।2।

(ਜਿਸ ਹਿਰਦੇ ਵਿਚ ਪ੍ਰਭੂ ਦਾ ਡਰ-ਅਦਬ ਨਹੀਂ ਹੈ, ਮੋਹ ਹੈ, ਅਹੰਕਾਰ ਹੈ, ਉਸ ਹਿਰਦੇ ਵਿਚ ਤ੍ਰਿਸ਼ਨਾ ਦੀ ਕਾਂਗ ਨਦੀ ਵਾਂਗ (ਠਾਠਾਂ ਮਾਰ ਰਹੀ) ਹੈ। ਪ੍ਰਭੂ ਦਾ ਡਰ-ਅਦਬ ਹੀ ਆਤਮਕ ਜੀਵਨ ਦੀ ਖ਼ੁਰਾਕ ਹੈ, ਆਤਮਾ ਦਾ ਆਸਰਾ ਹੈ; ਜੋ ਇਹ ਖ਼ੁਰਾਕ ਨਹੀਂ ਖਾਂਦੇ ਉਹ (ਦੁਨੀਆ ਦੇ) ਸਹਮ ਵਿਚ ਰਹਿ ਕੇ ਕਮਲੇ ਹੋਏ ਰਹਿੰਦੇ ਹਨ।3।

(ਹੇ ਪ੍ਰਭੂ! ਤੇਰੇ ਡਰ-ਅਦਬ ਵਿਚ ਰਿਹਾਂ ਹੀ ਇਹ ਯਕੀਨ ਬਣਦਾ ਹੈ ਕਿ) ਜਿਸ ਕਿਸੇ ਦਾ ਕੋਈ ਸਹਾਈ ਬਣਦਾ ਹੈ ਕੋਈ ਵਿਰਲਾ ਹੀ ਬਣਦਾ ਹੈ (ਭਾਵ, ਕਿਸੇ ਦਾ ਕੋਈ ਸਦਾ ਲਈ ਸਾਥੀ ਸਹਾਇਕ ਨਹੀਂ ਬਣ ਸਕਦਾ), ਪਰ ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ, ਤੂੰ ਸਭ ਦੀ ਸਾਰ ਰੱਖਣ ਵਾਲਾ ਹੈਂ।

ਹੇ ਨਾਨਕ! ਜਿਸ ਪਰਮਾਤਮਾ ਦੇ ਇਹ ਸਾਰੇ ਜੀਵ ਜੰਤ ਪੈਦਾ ਕੀਤੇ ਹੋਏ ਹਨ (ਜੀਵਾਂ ਵਾਸਤੇ) ਉਸੇ ਦਾ ਹੀ ਇਹ ਧਨ-ਮਾਲ (ਬਣਾਇਆ ਹੋਇਆ) ਹੈ। (ਇਸ ਤੋਂ ਵਧ ਇਹ) ਵਿਚਾਰਨਾ ਤੇ ਆਖਣਾ (ਕਿ ਉਹ ਪ੍ਰਭੂ ਆਪਣੇ ਪੈਦਾ ਕੀਤੇ ਜੀਵਾਂ ਦੀ ਕਿਵੇਂ ਸੰਭਾਲ ਕਰਦਾ ਹੈ) ਔਖਾ ਕੰਮ ਹੈ।।4।2।